ਸਿਰੀਰਾਗੁ ਮਹਲਾ ੩ ॥ ਕਾਂਇਆ ਸਾਧੈ ਉਰਧ ਤਪੁ ਕਰੈ ਵਿਚਹੁ ਹਉਮੈ ਨ ਜਾਇ ॥ ਅਧਿਆਤਮ ਕਰਮ ਜੇ ਕਰੇ ਨਾਮੁ ਨ ਕਬ ਹੀ ਪਾਇ ॥ ਗੁਰ ਕੈ ਸਬਦਿ ਜੀਵਤੁ ਮਰੈ ਹਰਿ ਨਾਮੁ ਵਸੈ ਮਨਿ ਆਇ ॥੧॥ ਸੁਣਿ ਮਨ ਮੇਰੇ ਭਜੁ ਸਤਗੁਰ ਸਰਣਾ ॥ ਗੁਰ ਪਰਸਾਦੀ ਛੁਟੀਐ ਬਿਖੁ ਭਵਜਲੁ ਸਬਦਿ ਗੁਰ ਤਰਣਾ ॥੧॥ ਰਹਾਉ ॥ ਤ੍ਰੈ ਗੁਣ ਸਭਾ ਧਾਤੁ ਹੈ ਦੂਜਾ ਭਾਉ ਵਿਕਾਰੁ ॥ ਪੰਡਿਤੁ ਪੜੈ ਬੰਧਨ ਮੋਹ ਬਾਧਾ ਨਹ ਬੂਝੈ ਬਿਖਿਆ ਪਿਆਰਿ ॥ ਸਤਗੁਰਿ ਮਿਲਿਐ ਤ੍ਰਿਕੁਟੀ ਛੂਟੈ ਚਉਥੈ ਪਦਿ ਮੁਕਤਿ ਦੁਆਰੁ ॥੨॥ ਗੁਰ ਤੇ ਮਾਰਗੁ ਪਾਈਐ ਚੂਕੈ ਮੋਹੁ ਗੁਬਾਰੁ ॥ ਸਬਦਿ ਮਰੈ ਤਾ ਉਧਰੈ ਪਾਏ ਮੋਖ ਦੁਆਰੁ ॥ ਗੁਰ ਪਰਸਾਦੀ ਮਿਲਿ ਰਹੈ ਸਚੁ ਨਾਮੁ ਕਰਤਾਰੁ ॥ ੩॥ ਇਹੁ ਮਨੂਆ ਅਤਿ ਸਬਲ ਹੈ ਛਡੇ ਨ ਕਿਤੈ ਉਪਾਇ ॥ ਦੂਜੈ ਭਾਇ ਦੁਖੁ ਲਾਇਦਾ ਬਹੁਤੀ ਦੇਇ ਸਜਾਇ ॥ ਨਾਨਕ ਨਾਮਿ ਲਗੇ ਸੇ ਉਬਰੇ ਹਉਮੈ ਸਬਦਿ ਗਵਾਇ ॥੪॥੧੮॥੫੧॥ {ਪੰਨਾ 33}

ਪਦਅਰਥ:- ਕਾਂਇਆ—ਸਰੀਰ। ਸਾਧੈ—ਸਾਧਦਾ ਹੈ, ਵੱਸ ਵਿਚ ਰੱਖਣ ਦੇ ਜਤਨ ਕਰਦਾ ਹੈ। ਉਧਰ—ਪੁੱਠਾ ਲਟਕ ਕੇ। ਅਧਿਆਤਮ ਕਰਮ—ਆਤਮਾ ਸੰਬੰਧੀ (ਧਾਰਮਿਕ) ਕੰਮ। ਅਧਿਆਤਮ—ਆਤਮਾ ਸੰਬੰਧੀ। ਕਬ ਹੀ—ਕਦੇ ਭੀ। ਜੀਵਤੁ ਮਰੈ—ਜੀਊਂਦਾ ਮਰੇ, ਦੁਨੀਆ ਦੀ ਕਿਰਤ—ਕਾਰ ਕਰਦਾ ਹੋਇਆ ਹੀ ਵਿਕਾਰਾਂ ਵਲੋਂ ਬਚਿਆ ਰਹੇ। ਮਨਿ—ਮਨ ਵਿਚ।1।

ਭਜੁ ਸਰਣਾ—ਸਰਨ ਪਉ। ਛੁਟੀਐ—(ਮਾਇਆ ਦੇ ਪ੍ਰਭਾਵ ਤੋਂ) ਬਚੀਦਾ ਹੈ। ਬਿਖੁ—ਜ਼ਹਰ, ਮਾਇਆ ਦਾ ਜ਼ਹਰੀਲਾ ਅਸਰ। ਭਵ ਜਲੁ—ਸੰਸਾਰ-ਸਮੁੰਦਰ।1। ਰਹਾਉ।

ਤ੍ਰੈ ਗੁਣ—ਮਾਇਆ ਦੇ ਤਿੰਨ ਗੁਣ, ਰਜੋ ਗੁਣ, ਤਮੋ ਗੁਣ, ਸਤੋ ਗੁਣ। ਧਾਤੁ—ਮਾਇਆ। ਦੂਜਾ ਭਾਉ—(ਪ੍ਰਭੂ ਤੋਂ ਬਿਨਾ) ਹੋਰ ਪਿਆਰ। ਬਿਖਿਆ ਪਿਆਰਿ—ਮਾਇਆ ਦੇ ਪਿਆਰ ਵਿਚ। ਤ੍ਰਿਕੁਟੀ—{i> kutI—ਤਿੰਨ ਵਿੰਗੀਆਂ ਲਕੀਰਾਂ} ਮੱਥੇ ਦੀ ਤਿਊੜੀ, ਅੰਦਰ ਦੀ ਖਿੱਝ। ਚਉਥੈ ਪਦਿ—ਉਸ ਆਤਮਕ ਦਰਜੇ ਵਿਚ ਜੋ ਮਾਇਆ ਦੇ ਤਿੰਨ ਗੁਣਾਂ ਤੋਂ ਉਤਾਂਹ ਹੈ।2।

ਤੇ—ਤੋਂ। ਮਾਰਗੁ—(ਜੀਵਨ ਦਾ ਸਹੀ) ਰਸਤਾ। ਗੁਬਾਰੁ—ਹਨੇਰਾ। ਸਬਦਿ—ਗੁਰੂ ਦੇ ਸ਼ਬਦ ਦੀ ਰਾਹੀਂ। ਉਧਰੈ—ਬਚ ਜਾਂਦਾ ਹੈ। ਮੋਖ ਦੁਆਰੁ—(ਵਿਕਾਰਾਂ ਤੋਂ) ਖ਼ਲਾਸੀ ਦਾ ਦਰਵਾਜ਼ਾ। ਮਿਲਿ ਰਹੈ—ਜੁੜਿਆ ਰਹੇ।3।

ਸਬਲ—ਬਲਵਾਨ। ਕਿਤੈ ਉਪਾਇ—ਕਿਸੇ ਉਪਾਵ ਦੀ ਰਾਹੀਂ ਭੀ। ਦੂਜੈ ਭਾਇ—ਮਾਇਆ ਦੇ ਪ੍ਰੇਮ ਵਿਚ (ਜੋੜ ਕੇ)। ਦੇਇ—ਦੇਂਦਾ ਹੈ। ਸਬਦਿ—ਸ਼ਬਦ ਦੀ ਰਾਹੀਂ। ਜਲਾਇ—ਸਾੜ ਕੇ।4।

ਅਰਥ:- ਹੇ ਮੇਰੇ ਮਨ! (ਮੇਰੀ ਗੱਲ) ਸੁਣ, ਸਤਿਗੁਰੂ ਦੀ ਸਰਨ ਪਉ। (ਮਾਇਆ ਦੇ ਪ੍ਰਭਾਵ ਤੋਂ) ਗੁਰੂ ਦੀ ਕਿਰਪਾ ਨਾਲ ਹੀ ਬਚੀਦਾ ਹੈ, ਇਹ ਜ਼ਹਰ-(ਭਰਿਆ) ਸੰਸਾਰ-ਸਮੁੰਦਰ ਗੁਰੂ ਦੇ ਸ਼ਬਦ ਦੀ ਰਾਹੀਂ (ਹੀ) ਤਰ ਸਕੀਦਾ ਹੈ।1। ਰਹਾਉ।

ਮਨੁੱਖ ਸਰੀਰ ਨੂੰ (ਭਾਵ, ਗਿਆਨ-ਇੰਦ੍ਰਿਆਂ ਨੂੰ) ਆਪਣੇ ਵੱਸ ਵਿਚ ਰੱਖਣ ਦੇ ਜਤਨ ਕਰਦਾ ਹੈ, ਪੁੱਠਾ ਲਟਕ ਕੇ ਤਪ ਕਰਦਾ ਹੈ, (ਪਰ ਇਸ ਤਰ੍ਹਾਂ) ਅੰਦਰੋਂ ਹਉਮੈ ਦੂਰ ਨਹੀਂ ਹੁੰਦੀ। ਜੇ ਮਨੁੱਖ ਆਤਮਕ ਉੱਨਤੀ ਸੰਬੰਧੀ (ਅਜੇਹੇ ਮਿੱਥੇ ਹੋਏ ਧਾਰਮਿਕ) ਕੰਮ ਕਰਦਾ ਰਹੇ, ਤਾਂ ਕਦੇ ਭੀ ਉਹ ਪਰਮਾਤਮਾ ਦਾ ਨਾਮ ਪ੍ਰਾਪਤ ਨਹੀਂ ਕਰ ਸਕਦਾ। ਜੇਹੜਾ ਮਨੁੱਖ ਗੁਰੂ ਦੇ ਸ਼ਬਦ ਦੀ ਸਹੈਤਾ ਨਾਲ ਦੁਨੀਆ ਦੀ ਕਿਰਤ-ਕਾਰ ਕਰਦਾ ਹੋਇਆ ਹੀ ਵਿਕਾਰਾਂ ਵਲੋਂ ਬਚਦਾ ਹੈ, ਉਸ ਦੇ ਮਨ ਵਿਚ ਪ੍ਰਭੂ ਦਾ ਨਾਮ ਆ ਵੱਸਦਾ ਹੈ।1।

ਤਿੰਨ ਗੁਣਾਂ ਦੇ ਅਧੀਨ ਰਹਿ ਕੇ ਕੰਮ ਕਰਨੇ—ਇਹ ਸਾਰਾ ਮਾਇਆ ਦਾ ਹੀ ਪ੍ਰਭਾਵ ਹੈ, ਤੇ ਮਾਇਆ ਦਾ ਪਿਆਰ (ਮਨ ਵਿਚ) ਵਿਕਾਰ (ਹੀ) ਪੈਦਾ ਕਰਦਾ ਹੈ। ਮਾਇਆ ਦੇ ਬੰਧਨਾਂ ਵਿਚ ਮਾਇਆ ਦੇ ਮੋਹ ਦਾ ਬੱਝਾ ਹੋਇਆ ਪੰਡਿਤ (ਧਰਮ-ਪੁਸਤਕ) ਪੜ੍ਹਦਾ ਹੈ, ਪਰ ਮਾਇਆ ਦੇ ਪਿਆਰ ਵਿਚ (ਫਸਿਆ ਰਹਿਣ ਕਰਕੇ ਉਹ ਜੀਵਨ ਦਾ ਸਹੀ ਰਸਤਾ) ਨਹੀਂ ਸਮਝ ਸਕਦਾ। ਜੇ ਸਤਿਗੁਰੂ ਮਿਲ ਪਏ ਤਾਂ (ਮਾਇਆ-ਮੋਹ ਦੇ ਕਾਰਨ ਪੈਦਾ ਹੋਈ ਅੰਦਰਲੀ) ਖਿੱਝ ਦੂਰ ਹੋ ਜਾਂਦੀ ਹੈ, ਮਾਇਆ ਦੇ ਤਿੰਨ ਗੁਣਾਂ ਤੋਂ ਉਤਲੇ ਆਤਮਕ ਦਰਜੇ ਵਿਚ (ਪਹੁੰਚਿਆਂ) (ਮਾਇਆ ਦੇ ਮੋਹ ਤੋਂ) ਖ਼ਲਾਸੀ ਦਾ ਦਰਵਾਜ਼ਾ ਲੱਭ ਪੈਂਦਾ ਹੈ।2।

ਗੁਰੂ ਪਾਸੋਂ ਜੀਵਨ ਦਾ ਸਹੀ ਰਸਤਾ ਲੱਭ ਪੈਂਦਾ ਹੈ (ਮਨ ਵਿਚੋਂ) ਮੋਹ (ਦਾ) ਹਨੇਰਾ ਦੂਰ ਹੋ ਜਾਂਦਾ ਹੈ। ਜੇ ਮਨੁੱਖ ਗੁਰੂ ਦੇ ਸ਼ਬਦ ਵਿਚ ਜੁੜ ਕੇ ਮਾਇਆ ਦੇ ਮੋਹ ਵਲੋਂ ਮਰ ਜਾਏ ਤਾਂ (ਸੰਸਾਰ-ਸਮੁੰਦਰ ਵਿਚ ਡੁੱਬਣੋਂ) ਬਚ ਜਾਂਦਾ ਹੈ, ਤੇ ਵਿਕਾਰਾਂ ਤੋਂ ਖ਼ਲਾਸੀ ਦਾ ਦਰਵਾਜ਼ਾ ਲੱਭ ਲੈਂਦਾ ਹੈ। ਗੁਰੂ ਦੀ ਕਿਰਪਾ ਨਾਲ ਹੀ ਮਨੁੱਖ (ਪ੍ਰਭੂ-ਚਰਨਾਂ ਵਿਚ) ਜੁੜਿਆ ਰਹਿ ਸਕਦਾ ਹੈ, ਤੇ ਪ੍ਰਭੂ ਦਾ ਸਦਾ-ਥਿਰ ਨਾਮ ਪ੍ਰਾਪਤ ਕਰ ਸਕਦਾ ਹੈ।3।

(ਨਹੀਂ ਤਾਂ) ਇਹ ਮਨ (ਤਾਂ) ਬੜਾ ਬਲਵਾਨ ਹੈ (ਗੁਰੂ ਦੀ ਸਰਨ ਤੋਂ ਬਿਨਾ ਹੋਰ) ਕਿਸੇ ਭੀ ਹੀਲੇ ਨਾਲ ਇਹ (ਕੁਰਾਹੇ ਪਾਣੋਂ) ਛੱਡਦਾ ਨਹੀਂ। ਮਾਇਆ ਦੇ ਪਿਆਰ ਵਿਚ ਫਸਾ ਕੇ (ਮਨੁੱਖ ਨੂੰ) ਦੁੱਖ ਚੰਬੋੜ ਦੇਂਦਾ ਹੈ, ਤੇ ਬੜੀ ਸਜ਼ਾ ਦੇਂਦਾ ਹੈ।

ਹੇ ਨਾਨਕ! ਜੇਹੜੇ ਮਨੁੱਖ ਗੁਰੂ ਦੇ ਸ਼ਬਦ ਦੀ ਰਾਹੀਂ ਹਉਮੈ ਦੂਰ ਕਰ ਕੇ ਪਰਮਾਤਮਾ ਦੇ ਨਾਮ ਵਿਚ ਜੁੜਦੇ ਹਨ ਉਹ (ਇਸ ਦੇ ਪੰਜੇ ਤੋਂ) ਬਚਦੇ ਹਨ।4।18। 51।